# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-09-2024**

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਭਲਕੇ ਨਵੀਂ ਦਿੱਲੀ ਵਿੱਚ ਸਰਕਾਰੀ ਭਾਸ਼ਾ ਡਾਇਮੰਡ ਜੁਬਲੀ ਸਮਾਰੋਹ ਅਤੇ ਚੌਥੇ ਸਰਬ ਭਾਰਤੀ ਰਾਜਭਾਸ਼ਾ ਸੰਮੇਲਨ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਨਗੇ।
- ਪੰਜਾਬ ਪੁਲਿਸ ਨੇ ਇੱਕ ਵੱਡੀ ਕਾਮਯਾਬੀ 'ਚ ਚੰਡੀਗੜ੍ਹ ਧਮਾਕਾ ਕੇਸ ਦੇ ਸੰਬੰਧ 'ਚ ਧਮਾਕੇ ਦੇ ਮੁੱਖ ਦੋਸ਼ੀਆਂ ਚੋਂ ਇੱਕ ਨੂੰ ਗ੍ਰਿਫਤਾਰ ਕੀਤਾ ਏ .
- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੈਰਾਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਵਾਲੇ ਖਿਡਾਰੀਆਂ ਨਾਲ ਗੱਲਬਾਤ ਕੀਤੀ।
- ਭਾਜਪਾ ਪੰਜਾਬ ਦੇ ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਨੈਨੇਵਾਲ ਨੇ ਕਿਹਾ ਏ ਕਿ ਮੋਦੀ ਸਰਕਾਰ ਵਲੋਂ ਦੇਸ਼ ਭਰ ਦੇ ਕਿਸਾਨਾਂ ਲਈ ਕਈ ਸਕੀਮਾਂ ਅਤੇ ਯੋਜਨਾਵਾਂ ਚਲਾਈਆ ਜਾ ਰਹੀਆ ਨੇ

---

.----------------------------------------------------

ਕੇਂਦਰੀ ਗ੍ਰਿਹਿ ਮੰਤਰੀ ਅਮਿਤ ਸ਼ਾਹ ਭਲਕੇ ਨਵੀਂ ਦਿੱਲੀ ਵਿੱਚ ਸਰਕਾਰੀ ਭਾਸ਼ਾ ਡਾਇਮੰਡ ਜੁਬਲੀ ਸਮਾਰੋਹ ਅਤੇ ਚੌਥੇ ਸਰਬ ਭਾਰਤੀ ਰਾਜਭਾਸ਼ਾ ਸੰਮੇਲਨ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਨਗੇ। ਸਰਕਾਰੀ ਭਾਸ਼ਾ ਵਿਭਾਗ, ਹਿੰਦੀ ਨੂੰ ਸਰਕਾਰੀ ਭਾਸ਼ਾ ਬਣਨ ਦੇ 75 ਸਾਲ ਪੂਰੇ ਹੋਣ ਦੀ ਯਾਦ ਵਿੱਚ ਕਾਨਫਰੰਸ ਕਰ ਰਿਹਾ ਏ। ਭਲਕੇ ਹਿੰਦੀ ਦਿਵਸ ਦੇ ਮੌਕੇ 'ਤੇ, ਸ੍ਰੀ ਸ਼ਾਹ, ਰਾਜਭਾਸ਼ਾ ਭਾਰਤੀ ਮੈਗਜ਼ੀਨ ਦੇ ਡਾਇਮੰਡ ਜੁਬਲੀ ਵਿਸ਼ੇਸ਼ ਅੰਕ ਨੂੰ ਵੀ ਲਾਂਚ ਕਰਨਗੇ ਅਤੇ ਰਾਜਭਾਸ਼ਾ ਗੌਰਵ ਅਤੇ ਰਾਜਭਾਸ਼ਾ ਕੀਰਤੀ ਪੁਰਸਕਾਰ ਵੀ ਪ੍ਰਦਾਨ ਕਰਨਗੇ।

-----------------------------------------------------

ਪੰਜਾਬ ਪੁਲਿਸ ਨੇ ਇੱਕ ਵੱਡੀ ਕਾਮਯਾਬੀ ‘ਚ ਹਾਲ ਹੀ ਵਿਚ ਚੰਡੀਗੜ੍ਹ ਧਮਾਕਾ ਕੇਸ ਦੇ ਸੰਬੰਧ ‘ਚ ਕੇਂਦਰੀ ਏਜੰਸੀਆਂ ਨਾਲ ਸਾਂਝੇ ਆਪ੍ਰੇਸ਼ਨ 'ਚ ਇਸ ਗ੍ਰਨੇਡ ਧਮਾਕੇ ਦੇ ਮੁੱਖ ਦੋਸ਼ੀਆਂ ਚੋਂ ਇੱਕ ਰੋਹਨ ਮਸੀਹ ਨੂੰ ਗ੍ਰਿਫਤਾਰ ਕੀਤਾ ਏ . ਇਸ ਸਾਰੀ ਸਾਜ਼ਿਸ਼ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਚੰਡੀਗੜ੍ਹ ਪੁਲਿਸ ਨਾਲ ਰਲ ਕੇ ਕੀਤੀ ਜਾ ਰਹੀ ਏ . ਇਸ ਸੰਬੰਧੀ ਇੱਕ ਪ੍ਰੈਸ

ਕਾਨਫਰੰਸ ‘ਚ ਪੰਜਾਬ ਪੁਲਿਸ ਦੇ DGP ਗੌਰਵ ਯਾਦਵ ਨੇ ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਏ ਕਿ ਮੁਢਲੀ ਪੜਤਾਲ ਤੋਂ ਪਤਾ ਲਗਾ ਏ ਕਿ ਪਾਕਿਸਤਾਨ ਦੀ ISI ਦੇ ਇਸ਼ਾਰੇ 'ਤੇ ਪਾਕਿਸਤਾਨ ਅਧਾਰਿਤ ਦਹਿਸ਼ਤਗਰਦ ਹਰਵਿੰਦਰ ਸਿੰਘ ਉਰਫ ਰਿੰਦਾ ਇਸ ਗ੍ਰਨੇਡ ਧਮਾਕੇ ਦਾ ਮੁਖ ਸਾਜਿਸ਼ਕਰ ਸੀ | BYTE

ਮੁਲਜ਼ਮ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਦੀ ਹਿਰਾਸਤ ਵਿੱਚ ਏ

---

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੈਰਿਸ ਵਿਚ ਹਾਲ ਹੀ ਵਿਚ ਖ਼ਤਮ ਹੋਈਆਂ ਪੈਰਾਲੰਪਿਕਸ ਖੇਡਾਂ ਵਿਚ ਭਾਰਤ ਦੀ ਨੂੰ,ਨੁਮਾਏਂਦਗੀ ਕਰਨ ਵਾਲੇ ਪੈਰਾ ਅਥਲੀਟਾਂ ਨਾਲ ਗੱਲਬਾਤ ਕੀਤੀ। ਸ੍ਰੀ ਮੋਦੀ ਨੇ ਤਮਗਾ ਜੇਤੂਆਂ ਅਤੇ ਭਾਗ ਲੈਣ ਵਾਲਿਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਕਾਰਗੁਜਾਰੀ ਲਈ ਵਧਾਈ ਦਿੱਤੀ। ਗੱਲਬਾਤ ਦੌਰਾਨ ਸੋਨੇ ਦਾ ਤਮਗਾ ਜੇਤੂ ਸੁਮੀਤ ਅੰਤਿਲ ਨੇ ਸ੍ਰੀ ਮੋਦੀ ਦਾ ਧੰਨਵਾਦ ਕੀਤਾ, ਅਤੇ ਆਪਣਾ ਇੱਕ ਸੋਨੇ ਦਾ ਤਮਗਾ ਉਨ੍ਹਾਂ ਨੂੰ ਸਮਰਪਿਤ ਕੀਤਾ। ਚੰਡੀ ਦਾ ਤਮਗਾ ਜੇਤੂ ਸ਼ਰਧ ਕੁਮਾਰ ਨੇ ਖੇਡਾਂ ਤੋਂ ਪਹਿਲਾਂ ਮਿਲੀ ਪ੍ਰੇਰਨਾ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ। ਹੋਰ ਖਿਡਾਰੀਆਂ ਨੇ ਵੀ ਕਿਹਾ ਕਿ ਕਿਵੇਂ ਪ੍ਰਧਾਨ ਮੰਤਰੀ

ਦੀ ਹਿਮਾਇਤ ਦਬਾਅ ਨੂੰ ਝੱਲਣ ਵਿਚ ਉਨ੍ਹਾਂ ਦੀ ਮਦਦ ਕਰਦੀ ਏ ਤੇ ਕਿਵੇਂ ਉਨ੍ਹਾਂ ਦੇ ਸ਼ਬਦ ਉਨ੍ਹਾਂ ਦਾ ਧਿਆਨ ਕੇਂਦਰਿਤ ਕਰਦੇ ਨੇ।

---------------------------------------------------------------------------

ਭਾਜਪਾ ਪੰਜਾਬ ਦੇ ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਨੈਨੇਵਾਲ ਨੇ ਕਿਹਾ ਏ ਕਿ ਮੋਦੀ ਸਰਕਾਰ ਵਲੋਂ ਦੇਸ਼ ਭਰ ਦੇ ਕਿਸਾਨਾਂ ਲਈ ਕਈ ਸਕੀਮਾਂ ਅਤੇ ਯੋਜਨਾਵਾਂ ਚਲਾਈਆ ਜਾ ਰਹੀਆ ਨੇ . ਉਨ੍ਹਾਂ ਪੰਜਾਬ ਦੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਮੋਦੀ ਸਰਕਾਰ ਦੀ ਕਿਸਾਨੀ ਨਾਲ ਸੰਬੰਧਿਤ ਸਕੀਮਾਂ ਅਤੇ ਯੋਜਨਾਵਾਂ ਨੂੰ ਹਾਸਿਲ ਕਰਨ ਵਿਚ ਕੋਈ ਸਮੱਸਿਆ ਜਾਂ ਅੜਚਨ ਪੇਸ਼ ਆਉਂਦੀ ਏ, ਤਾਂ ਉਹ ਪੰਜਾਬ ਬੀਜੇਪੀ ਆਗੂਆਂ ਨਾਲ ਸੰਪਰਕ ਵੀ ਕਰ ਸਕਦੇ ਨੇ । ਨੈਨੇਵਾਲ ਨੇ ਕਿਹਾ ਕਿ ਮੋਦੀ ਸਰਕਾਰ ਵਲੋਂ ਕਿਸਾਨਾਂ ਨੂੰ ਸਬਸਿਡੀ ਅਤੇ ਪੀ.ਐੱਮ. ਕਿਸਾਨ ਸਨਮਾਨ ਨਿਧੀ ਤਹਿਤ ਸਾਲਾਨਾ 6,ਹਜ਼ਾਰ ਰੁਪਏ ਦਾ ਭੱਤਾ, ਖੇਤੀ ਨਾਲ ਸੰਬੰਧਤ ਸੰਦਾਂ ‘ਤੇ ਸਬਸਿਡੀ, ਸੋਲਰ ਪੰਪ ਲਈ ਸਬਸਿਡੀ, ਫ਼ਸਲਾਂ ਦੀ ਸਬਸਿਡੀ, ਫ਼ਸਲਾਂ ਦਾ ਬੀਮਾ, ਸਾਉਣੀ ਦੇ ਸੀਜ਼ਨ ਲਈ 1.08 ਲੱਖ ਕਰੋੜ ਰੁਪਏ ਦੀ ਖਾਦ ਸਬਸਿਡੀ ਆਦਿ ਯੋਜਨਾਵਾਂ ਸ਼ਾਮਿਲ ਨੇ . ਉਨ੍ਹਾਂ ਕਿਸਾਨਾਂ ਨੂੰ ਮੋਦੀ ਸਰਕਾਰ ਦੀ ਹਰੇਕ ਸਕੀਮ ਅਤੇ ਯੋਜਨਾ ਦਾ ਫਾਇਦਾ ਚੁੱਕਣ ਦੀ ਅਪੀਲ ਕੀਤੀ ਉਨਾਂ ਕਿਹਾ

ਕਿਹਾ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਕਿਸਾਨਾਂ ਨੂੰ ਮੋਦੀ ਸਰਕਾਰ ਵਲੋਂ ਮਿਲਣ ਵਾਲੀ ਸਕੀਮਾਂ ਤੋਂ ਅਣਜਾਣ ਰੱਖ ਕੇ ਉਨਾਂ ਨੂੰ ਖੁਸ਼ਹਾਲ ਰੱਖਣ ਦੀ ਬਜਾਏ ਨਾਮੋਸ਼ੀ ਵੱਲ ਧੱਕ ਰਹੀ ਏ , ਜਿਸਦੇ ਚਲਦਿਆਂ ਪੰਜਾਬ ਵਿਚ ਕਿਸਾਨ ਆਏ ਦਿਨ ਧਰਨੇ ਪ੍ਰਦਰਸ਼ਨ ਲਈ ਮਜਬੂਰ ਨੇ .

---------------------------------------------------------------------------

ਸੁਪਰੀਮ ਕੋਰਟ ਨੇ ਅੱਜ ਦਿੱਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਕਥਿਤ ਆਬਕਾਰੀ ਨੀਤੀ ਘੁਟਾਲੇ ਵਿੱਚ CBI ਵੱਲੋਂ ਦਰਜ ਕੀਤੇ ਭ੍ਰਿਸ਼ਟਾਚਾਰ ਦੇ ਕੇਸ ਵਿੱਚ ਜ਼ਮਾਨਤ ਦੇ ਦਿੱਤੀ ਏ। ਮੁੱਖ ਮੰਤਰੀ ਕੇਜਰੀਵਾਲ ਨੂੰ 10 ਲੱਖ ਰੁਪਏ ਦੇ ਜ਼ਮਾਨਤ ਬਾਂਡ 'ਤੇ ਰਾਹਤ ਦਿੱਤੀ ਗਈ। ਸੁਪਰੀਮ ਕੋਰਟ ਨੇ ਜ਼ਮਾਨਤ ਲਈ ਸ਼ਰਤਾਂ ਰੱਖਦਿਆਂ ਕਿਹਾ ਏ ਕਿ 'ਆਪ' ਨੇਤਾ ਨੂੰ ਕੇਸ ਦੀ ਯੋਗਤਾਂ 'ਤੇ ਕੋਈ ਜਨਤਕ ਟਿੱਪਣੀ ਨਹੀਂ ਕਰਨੀ ਚਾਹੀਦੀ ਅਤੇ ਜਦੋਂ ਤੱਕ ਛੋਟ ਨਹੀਂ ਦਿੱਤੀ ਜਾਂਦੀ, ਓਹਨਾਂ ਨੂੰ ਹੇਠਲੀ ਅਦਾਲਤ ਦੇ ਸਾਹਮਣੇ ਸਾਰੀਆਂ ਸੁਣਵਾਈਆਂ ਲਈ ਹਾਜ਼ਰ ਹੋਣਾ ਹੋਏਗਾ ।
ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਉੱਜਲ BHUYAN ਦੇ ਦੋ ਮੈਂਬਰੀ ਬੈਂਚ ਨੇ ਦਿੱਲੀ ਦੇ ਮੁੱਖ ਮੰਤਰੀ ਵੱਲੋਂ ਘੁਟਾਲੇ ਦੇ ਸਬੰਧ ਵਿੱਚ

ਸੀਬੀਆਈ ਵੱਲੋਂ ਆਪਣੀ ਗ੍ਰਿਫ਼ਤਾਰੀ ਨੂੰ ਚੁਣੌਤੀ ਦੇਣ ਅਤੇ ਜ਼ਮਾਨਤ ਦੀ ਮੰਗ ਵਾਲੀਆਂ ਪਟੀਸ਼ਨਾਂ ਵਿੱਚ ਇਹ ਫੈਸਲਾ ਸੁਣਾਇਆ ।

-------------------------------------------------------------------

ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ, ਪਰਾਲੀ ਦੀ ਸੰਭਾਲ ਲਈ ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ, ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਅਤੇ ਇਸ ਦੌਰਾਨ ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ। ਇਸ ਕੈਂਪ ਦੌਰਾਨ, ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗੀ ਡਾਇਰੈਕਟ, (ਸਿਖਲਾਈ) ਡਾ: ਵਿਪਨ ਕੁਮਾਰ ਰਾਮਪਾਲ ਨੇ ਵਿਦਿਆਰਥੀਆਂ ਨੂੰ, ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ, ਅਤੇ ਪਰਾਲੀ ਪ੍ਰਬੰਧਨ ਵਿੱਚ ਵਿਦਿਆਰਥੀਆਂ ਦੀ ਭੂਮਿਕਾ ਬਾਰੇ ਦੱਸਿਆ। ਡਾ: ਵਿਪਨ ਕੁਮਾਰ ਰਾਮਪਾਲ ਨੇ ਸਰਕਾਰ ਵੱਲੋਂ ਇੱਕ ਕਿਸਾਨ ਨੂੰ 50 ਫੀਸਦੀ ਅਤੇ ਕਿਸਾਨ ਗਰੁਪਾਂ, ਤੇ ਸਹਿਕਾਰੀ ਸਭਾਵਾਂ ਨੂੰ 80 ਫੀਸਦੀ ਦੀ ਸਬਸਿਡੀ 'ਤੇ ਦਿੱਤੀਆਂ ਜਾ ਰਹੀਆਂ ਵੱਖ-ਵੱਖ ਮਸ਼ੀਨਾਂ, ਜਿਵੇਂ ਸਮਾਰਟ ਸੀਡਰ, ਸੁਪਰ ਸੀਡਰ , ਹੈਪੀ ਸੀਡਰ, ਜ਼ੀਰੋ ਟਿੱਲ ਡਰਿੱਲ, ਉਲਟਾਵਾਂ ਹੱਲ, ਮਲਚਰ, ਕੱਟਰ ਅਤੇ ਰੋਟਾਵੇਟਰ ਦੀ ਵਰਤੋਂ ਦੇ ਜ਼ਰੂਰੀ ਨੁਕਤਿਆਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਪੌਦ ਸੁਰੱਖਿਆ ਵਿਭਾਗ ਦੇ ਸਹਾਇਕ ਪ੍ਰੋਫੈਸਰ, ਡਾ. ਰੀਤ ਵਰਮਾ ਨੇ

ਵਿਦਿਆਰਥੀਆਂ ਨੂੰ ਖੇਤੀਬਾੜੀ ਵਿਚ ਮਿੱਤਰ ਕੀੜਿਆਂ ਦੀ ਭੂਮਿਕਾ ਬਾਰੇ, ਵਿਸਥਾਰ ਵਿਚ ਜਾਣਕਾਰੀ ਦਿੱਤੀ। ਇਸ ਦੌਰਾਨ ਸਹਾਇਕ ਪ੍ਰੋਫੈਸਰ , ਡਾ: ਅਮਨਪ੍ਰੀਤ ਸਿੰਘ (ਫਸਲ ਵਿਗਿਆਨ)
ਨੇ ਵਿਦਿਆਰਥੀਆਂ ਨੂੰ ਹਾੜੀ ਦੀਆਂ ਫਸਲਾਂ ਵਿੱਚ ਨਦੀਨਾਂ ਦੀ ਰੋਕਥਾਮ ਦੇ, ਵੱਖ-ਵੱਖ ਤਰੀਕਿਆਂ ਬਾਰੇ ਜਾਣੂ ਕਰਵਾਇਆ।

---------------------------------------------------------------------

ਬੀਜੇਪੀ ਨੇ ਅੱਜ ਕਿਹਾ ਏ ਕਿ ਸੁਪ੍ਰੀਮ ਕੋਰਟ ਨੇ ਦਿੱਲੀ ਦੇ ਮੁਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਸ਼ੀਸ਼ਾ ਦਿਖਾਇਆ ਏ, ਕਿਉਂਕਿ ਉਨ੍ਹਾਂ ਨੂੰ ਸ਼ਰਾਬ ਨੀਤੀ ਕੇਸ ਵਿਚ ਸ਼ਰਤਾਂ ਨਾਲ ਜ਼ਮਾਨਤ ਮਿਲੀ ਏ। ਨਵੀਂ ਦਿੱਲੀ ਵਿਚ ਮੀਡੀਆ ਨਾਲ ਗੱਲਬਾਤ ਕਰਦਿਆਂ ਪਾਰਟੀ ਦੇ ਬੁਲਾਰੇ ਗੌਰਵ ਭਾਟੀਆ ਨੇ ਕਿਹਾ ਕਿ ਸ੍ਰੀ ਕੇਜਰੀਵਾਲ ਦੀ ਦਲੀਲ ਸੀ ਕਿ ਉਨ੍ਹਾਂ ਦੀ ਗ੍ਰਿਫਤਾਰੀ ਗੈਰ ਕਾਨੂੰਨੀ ਏ , ਪਰ ਸੁਪ੍ਰੀਮ ਕੋਰਟ ਨੇ ਇਨ੍ਹਾਂ ਦਲੀਲਾਂ ਨੂੰ ਰੱਦ ਕਰ ਦਿੱਤਾ ਏ। ਉਨ੍ਹਾਂ ਕਿਹਾ ਕਿ ਸ੍ਰੀ ਕੇਜਰੀਵਾਲ ਨੂੰ ਕਦੀ ਵੀ ਅਦਾਲਤ ਤੋਂ ਰਾਹਤ ਨਹੀਂ ਮਿਲੀ ਤੇ ਨਾ ਹੀ ਕੋਈ ਦੋਸ਼ ਰੱਦ ਕੀਤੇ ਗਏ ਨੇ। ਉਨ੍ਹਾਂ ਅੱਗੇ ਕਿਹਾ ਕਿ ਬਰੀ ਹੋਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ , ਕਿਉਂਕਿ ਉਨ੍ਹਾਂ ਖਿਲਾਫ਼ ਮੁਕੱਦਮਾ ਜਾਰੀ ਰਹੇਗਾ। ਸ੍ਰੀ ਭਾਟੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਜਵਾਬ ਦੇਣਾ ਪਏਗਾ ਕਿ , ਮੁਖ ਮੰਤਰੀ ਅਸਤੀਫਾ ਕਿਉਂ ਨਹੀਂ ਦੇ ਰਹੇ ?

---------------------------------------------------------------------

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਭਲਕੇ ਨਵੀਂ ਦਿੱਲੀ ਵਿੱਚ ਸਰਕਾਰੀ ਭਾਸ਼ਾ ਡਾਇਮੰਡ ਜੁਬਲੀ ਸਮਾਰੋਹ ਅਤੇ ਚੌਥੇ ਸਰਬ ਭਾਰਤੀ ਰਾਜਭਾਸ਼ਾ ਸੰਮੇਲਨ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਨਗੇ।
- ਪੰਜਾਬ ਪੁਲਿਸ ਨੇ ਇੱਕ ਵੱਡੀ ਕਾਮਯਾਬੀ 'ਚ ਚੰਡੀਗੜ੍ਹ ਧਮਾਕਾ ਕੇਸ ਦੇ ਸੰਬੰਧ 'ਚ ਧਮਾਕੇ ਦੇ ਮੁੱਖ ਦੋਸ਼ੀਆਂ ਚੋਂ ਇੱਕ ਨੂੰ ਗ੍ਰਿਫਤਾਰ ਕੀਤਾ ਏ .
- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੈਰਾਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਵਾਲੇ ਖਿਡਾਰੀਆਂ ਨਾਲ ਗੱਲਬਾਤ ਕੀਤੀ।
- ਭਾਜਪਾ ਪੰਜਾਬ ਦੇ ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਨੈਨੇਵਾਲ ਨੇ ਕਿਹਾ ਏ ਕਿ ਮੋਦੀ ਸਰਕਾਰ ਵਲੋਂ ਦੇਸ਼ ਭਰ ਦੇ ਕਿਸਾਨਾਂ ਲਈ ਕਈ ਸਕੀਮਾਂ ਅਤੇ ਯੋਜਨਾਵਾਂ ਚਲਾਈਆ ਜਾ ਰਹੀਆ ਨੇ

---